# ਪ੍ਰੈਸ ਨੋਟ

ਮਿਤੀ 25.05.2022

## ਹੁਸ਼ਿਆਰਪੁਰ ਪੁਲਿਸ ਵੱਲੋਂ 600 ਨਸ਼ੀਲੀਆਂ ਗੋਲੀਆਂ ਬ੍ਰਾਮਦ

ਮਾਨਯੋਗ ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਜੀ ਦੇ ਦਿਸ਼ਾ ਨਿਰਦੇਸ਼ਾਂ ਪਰ ਹੁਸ਼ਿਆਰਪੁਰ ਏਰੀਆ ਵਿੱਚ ਨਸ਼ਾ ਸਪਲਾਈ ਕਰਨ ਵਾਲੇ ਵਿਅਕਤੀਆਂ ਨੂੰ ਨੱਥ ਪਾਉਣ ਲਈ ਸ੍ਰੀ ਮੁੱਖਤਿਆਰ ਰਾਏ (P.P.S) ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਸ੍ਰੀ ਸਰਬਜੀਤ ਰਾਏ (P.P.S) ਉਪ-ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਅਤੇ ਇੰਚਾਰਜ਼ ਸੀ.ਆਈ.ਏ ਇੰਸਪੈਕਟਰ ਬਲਵਿੰਦਰ ਪਾਲ ਦੇ ਅਧੀਨ ਵਿਸ਼ੇਸ ਟੀਮ ਵੱਲੋਂ 600 ਨਸ਼ੀਲ਼ੀਆਂ ਗੋਲੀਆਂ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਵਲੋਂ ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਮਿਤੀ 24-05-2022 ਨੂੰ ਇੰਚਾਰਜ਼ ਸੀ.ਆਈ.ਏ ਸਟਾਫ ਦੀ ਟੀਮ ਨੇ ਮੁੱਹਲਾ ਫਤਿਹਗੜ੍ਹ ਹੁਸ਼ਿਆਰਪੁਰ ਤੋਂ ਨਸ਼ੀਲ਼ੀਆਂ ਗੋਲੀਆਂ ਸਪਲਾਈ ਕਰਨ ਵਾਲੀ ਔਰਤ ਬੰਦਨਾ ਪਤਨੀ ਹਰਦੀਪ ਸਿੰਘ ਵਾਸੀ ਸ਼ੇਰਗੜ੍ਹ ਥਾਣਾ ਸਦਰ ਹੁਸ਼ਿਆਰਪੁਰ ਹਾਲ ਵਾਸੀ ਫਤਿਹਗੜ੍ਹ ਨੇੜੇ ਦੇਸ਼ ਭਗਤ ਕਾਲਜ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਪਾਸੋਂ 600 ਨਸ਼ੀਲ਼ੀਆਂ ਬ੍ਰਾਮਦ ਕਰਕੇ ਦੋਸ਼ਣ ਦੇ ਖਿਲਾਫ ਮੁੱਕਦਮਾ ਨੰਬਰ 125 ਮਿਤੀ 24-05-2022 ਅ.ਧ. 22-61-85 ND&PS Act ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦਰਜ ਕਰਵਾਇਆ। ਦੋਸ਼ਣ ਨੂੰ ਅੱਜ ਪੇਸ਼ ਅਦਾਲਤ ਕੀਤਾ ਗਿਆ ਹੈ।

**ਬ੍ਰਾਮਦਗੀ:-** 600 ਨਸ਼ੀਲ਼ੀਆਂ ਗੋਲੀਆਂ

**ਗ੍ਰਿਫਤਾਰ ਦੋਸ਼ੀ**

ਬੰਦਨਾ ਪਤਨੀ ਹਰਦੀਪ ਸਿੰਘ ਵਾਸੀ ਸ਼ੇਰਗੜ੍ਹ ਥਾਣਾ ਸਦਰ ਹੁਸ਼ਿਆਰਪੁਰ ਹਾਲ ਵਾਸੀ ਫਤਿਹਗੜ੍ਹ ਨੇੜੇ ਦੇਸ਼ ਭਗਤ ਕਾਲਜ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ